# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-01-2025**

- ਪ੍ਰਧਾਨ ਮੰਤਰੀ ਨਰੇਂਦਰ ਨੇ ਮੋਦੀ ਅੱਜ ਦਿੱਲੀ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ -ਕਿਹਾ ਕਿ ਰਾਸ਼ਟਰੀ ਰਾਜਧਾਨੀ ਦੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਵਿਕਾਸ ਕਾਰਜ ਜਾਰੀ ਨੇ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬੈਂਗਲੁਰੂ ਵਿੱਚ, ਨੈਸ਼ਨਲ ਇੰਸਟੀਚਿਊਟ ਆਫ਼ ਮੈਂਟਲ ਹੈਲਥ ਐਂਡ ਨਿਊਰੋ-ਸਾਇੰਸ ਦੇ ਗੋਲਡਨ ਜੁਬਲੀ ਸਮਾਗਮ ਵਿੱਚ ਸ਼ਿਰਕਤ ਕੀਤੀ।
- ਰੂਪਨਗਰ ਸਥਿਤ ਰਾਸ਼ਟਰੀ ਇਲਕਟ੍ਰੋਨਿਕ ਅਤੇ ਸੂਚਨਾ ਟੈਕਨੋਲੋਜੀ ਸੰਸਥਾ ਬਣੀ ਡੀਮਡ ਯੂਨੀਵਰਸਿਟੀ -ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਵਰਚੁਅਲ ਮਾਧਿਅਮ ਰਾਹੀਂ ਕੀਤਾ ਰਸਮੀ ਉਦਘਾਟਨ।

- ਪਸ਼ੂ ਪਾਲਕਾਂ ਦੀ ਸਹਾਇਤਾ ਲਈ ਸੰਬਧਤ ਵਿਭਾਗ ਨੇ "ਪਸ਼ੂ ਪਾਲਣ ਵਿਭਾਗ, ਪੰਜਾਬ" ਨਾ ਦਾ ਯੂ-ਟਿਊਬ ਚੈਨਲ ਕੀਤਾ ਜਾਰੀ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਦਿੱਲੀ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਵੀ ਰੱਖਿਆ। ਪ੍ਰਧਾਨ ਮੰਤਰੀ ਨੇ ਰਾਸ਼ਟਰੀ ਰਾਜਧਾਨੀ ਦੇ ਅਸ਼ੋਕ ਵਿਹਾਰ ਵਿੱਚ ਝੁੱਗੀ-ਝੌਂਪੜੀਆਂ ਦੇ ਵਸਨੀਕਾਂ ਲਈ ਲਗਭਗ ਇੱਕ ਹਜ਼ਾਰ 700 ਨਵੇਂ ਬਣੇ ਫਲੈਟਾਂ ਦਾ ਉਦਘਾਟਨ ਕੀਤਾ ਅਤੇ ਯੋਗ ਲਾਭਪਾਤਰੀਆਂ ਨੂੰ ਚਾਬੀਆਂ ਸੌਂਪੀਆਂ । ਇਸਦਾ ਉਦੇਸ਼ ਝੁੱਗੀ-ਝੌਂਪੜੀ ਬਸਤੀਆਂ ਦੇ ਵਸਨੀਕਾਂ ਨੂੰ ਬਿਹਤਰ ਅਤੇ ਸਿਹਤਮੰਦ ਵਾਤਾਵਰਣ ਅਤੇ ਉਚਿਤ ਸੁਵਿਧਾਵਾਂ ਦੇ ਨਾਲ ਰਿਹਾਇਸ਼ ਪ੍ਰਦਾਨ ਕਰਨਾ ਏ । ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਨੇ, ਦੋ ਸ਼ਹਿਰੀ ਪੁਨਰ-ਵਿਕਾਸ ਪ੍ਰੋਜੈਕਟਾਂ - ਨੌਰੋਜੀ ਨਗਰ ਵਿਖੇ ਵਿਸ਼ਵ ਵਪਾਰ ਕੇਂਦਰ ਅਤੇ ਸਰੋਜਨੀ ਨਗਰ ਵਿਖੇ, ਜਨਰਲ ਪੂਲ ਰਿਹਾਇਸ਼ੀ ਹਾਊਸਿੰਗ ਟਾਈਪ-2 ਕੁਆਰਟਰ ਦੀ ਵੀ ਸ਼ੁਰੂਆਤ ਕੀਤੀ। ਪ੍ਰਧਾਨ ਮੰਤਰੀ ਨੇ

ਦਵਾਰਕਾ ਵਿੱਚ  ਲਗਭਗ 300 ਕਰੋੜ ਰੁਪਏ ਦੀ ਲਾਗਤ ਨਾਲ ਬਣੇ, ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਦੇ ਏਕੀਕ੍ਰਿਤ ਦਫ਼ਤਰ ਕੰਪਲੈਕਸ ਦਾ ਅਤੇ ਦਿੱਲੀ ਯੂਨੀਵਰਸਿਟੀ ਵਿੱਚ 600 ਕਰੋੜ ਰੁਪਏ ਤੋਂ ਵੱਧ ਦੇ ਤਿੰਨ ਨਵੇਂ ਪ੍ਰੋਜੈਕਟਾਂ ਦਾ ਨੀਂਹ ਪੱਥਰ ਵੀ ਰੱਖਿਆ। ਇਸ ਤੋਂ ਬਾਅਦ ਲੋਕਾਂ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਸਾਰਿਆਂ ਨੂੰ ਨਵੇਂ ਸਾਲ 2025 ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਸਾਲ ਵਿਸ਼ਵ ਪੱਧਰ 'ਤੇ ਭਾਰਤ ਲਈ ਨਵੀਆਂ ਪ੍ਰਾਪਤੀਆਂ ਦਾ ਸਾਲ ਹੋਵੇਗਾ।

**BYTE ---**

------------------------------------------------

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਮਾਨਸਿਕ ਸਿਹਤ ਅਤੇ ਨਿਊਰੋ-ਸਾਇੰਸ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮ ਲਈ ਨੈਸ਼ਨਲ ਇੰਸਟੀਚਿਊਟ ਆਫ਼ ਮੈਂਟਲ ਹੈਲਥ ਐਂਡ ਨਿਊਰੋ-ਸਾਇੰਸ ਨਿਮਹੰਸ ਨੂੰ ਵਧਾਈ ਦਿੱਤੀ ਏ। ਬੇਂਗਲੁਰੂ ਵਿੱਚ ਨਿਮਹੰਸ ਦੇ ਗੋਲਡਨ ਜੁਬਲੀ ਸਮਾਗਮ  ਦੇ ਮੌਕੇ 'ਤੇ, ਉਨ੍ਹਾਂ ਨੇ ਕਿਹਾ ਕਿ ਨਿਮਹੰਸ ਅੱਜ ਮਾਨਸਿਕ ਸਿਹਤ ਅਤੇ ਨਿਊਰੋਸਾਇੰਸ ਦੇ ਖੇਤਰ ਵਿੱਚ ਦੁਨੀਆ ਦੀ ਅਗਵਾਈ ਕਰ ਰਿਹਾ ਏ।

ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਮਾਨਸਿਕ ਰੋਗਾਂ ਬਾਰੇ ਧਾਰਨਾ ਸਾਡੇ ਸਮਾਜ ਵਿੱਚ ਚੰਗੀ ਨਹੀਂ ਏ। ਪਰ ਨਿਮਹਾਂਸ ਵਰਗੀਆਂ ਸੰਸਥਾਵਾਂ ਨੇ, ਮਾਨਸਿਕ ਰੋਗਾਂ ਵਾਲੇ ਮਰੀਜ਼ਾਂ ਨੂੰ ਮਿਆਰੀ ਦੇਖਭਾਲ ਪ੍ਰਦਾਨ ਕੀਤੀ ਏ। ਰਾਸ਼ਟਰਪਤੀ ਨੇ ਕਿਹਾ ਕਿ ਕੋਰੋਨਾ ਮਹਾਂਮਾਰੀ, ਬਜ਼ੁਰਗਾਂ ਦੇ ਇੱਕਲੇਪਨ ਅਤੇ ਔਰਤਾਂ ਵਿੱਚ ਕਮਜ਼ੋਰੀ ਵਰਗੀਆਂ ਬਿਮਾਰੀਆਂ ਨੇ ਕਈ ਮਾਨਸਿਕ ਸੰਕਟ ਅਤੇ ਚਿੰਤਾਵਾਂ ਪੈਦਾ ਕੀਤੀਆਂ ਨੇ। ਕੇਂਦਰੀ ਸਿਹਤ ਮੰਤਰੀ ਜੇ.ਪੀ ਨੱਡਾ ਨੇ ਸਟ੍ਰੋਕ ਦੇ ਇਲਾਜ, ਖੁਦਕੁਸ਼ੀਆਂ ਨੂੰ ਰੋਕਣ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਪੀੜਤ ਲੋਕਾਂ ਦੀ ਮਦਦ ਕਰਨ ਵਿੱਚ ਨਿਮਹੰਸ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰਧਾਨ ਦ੍ਰੋਪਦੀ ਮੁਰਮੂ ਨੇ ਮਨੋਵਿਗਿਆਨੀ ਬਲਾਕ, ਕੇਂਦਰੀ ਪ੍ਰਯੋਗਸ਼ਾਲਾ ਕੰਪਲੈਕਸ, ਭੀਮਾ ਹੋਸਟਲ, ਐਮ.ਆਰ.ਆਈ ਸਕੈਨਰ, ਡੀ.ਐਸ.ਏ ਸਿਸਟਮ ਵਰਗੀਆਂ ਵੱਖ-ਵੱਖ ਸਹੂਲਤਾਂ ਦਾ ਉਦਘਾਟਨ ਵੀ ਕੀਤਾ।

---------------------------------------------------------------

ਸੜਕ ਆਵਾਜਾਈ ਅਤੇ ਰਾਜ-ਮਾਰਗ ਮੰਤਰੀ ਨਿਤਿਨ ਗਡਕਰੀ ਨੇ

ਦਿੱਲੀ ਦੀ ਆਵਾਜਾਈ ਪ੍ਰਣਾਲੀ ਨੂੰ ਬਿਹਤਰ ਬਣਾਉਣ ਅਤੇ ਸ਼ਹਿਰ ਵਿੱਚ ਭੀੜ ਅਤੇ ਪ੍ਰਦੂਸ਼ਣ ਨੂੰ ਘਟਾਉਣ ਲਈ 12 ਹਜ਼ਾਰ 500 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਐਲਾਨ ਕੀਤਾ ਏ । ਕੱਲ੍ਹ ਉਨ੍ਹਾਂ ਕੇਂਦਰੀ ਸੜਕ ਅਤੇ ਬੁਨਿਆਦੀ ਢਾਂਚਾ ਫੰਡ ਵਿੱਚੋਂ ਦਿੱਲੀ ਲਈ 1200 ਕਰੋੜ ਰੁਪਏ ਦੇਣ ਦਾ ਐਲਾਨ ਵੀ ਕੀਤਾ । ਇਹ ਪ੍ਰੋਜੈਕਟ ਦਿੱਲੀ-ਕਟੜਾ ਐਕਸ-ਪ੍ਰੈਸਵੇਅ ਨਾਲ ਸਿੱਧਾ ਸੰਪਰਕ ਪ੍ਰਦਾਨ ਕਰੇਗਾ ਅਤੇ ਜੰਮੂ-ਕਸ਼ਮੀਰ ਅਤੇ ਪੰਜਾਬ ਤੋਂ ਆਉਣ ਵਾਲੇ ਵਾਹਨਾਂ ਨੂੰ, ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ ਅਤੇ ਦਿੱਲੀ-ਮੁੰਬਈ ਐਕਸ-ਪ੍ਰੈਸਵੇਅ ਨਾਲ ਸਿੱਧਾ ਜੋੜਿਆ ਜਾਵੇਗਾ। ਇਸ ਤੋਂ ਇਲਾਵਾ ਦੇਹਰਾਦੂਨ ਤੋਂ ਆਉਣ ਵਾਲਿਆਂ ਲਈ ਦਵਾਰਕਾ ਐਕਸ-ਪ੍ਰੈਸਵੇਅ ਤੋਂ ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ ਤੱਕ ਦਾ ਬਦਲਵਾਂ ਰਸਤਾ ਉਪਲਬਧ ਹੋਵੇਗਾ ਅਤੇ ਯਾਤਰਾ ਦਾ ਸਮਾਂ ਡੇਢ ਘੰਟੇ ਤੋਂ ਘਟਾ ਕੇ ਸਿਰਫ਼ 45 ਮਿੰਟ ਰਹਿ ਜਾਵੇਗਾ।

------------------------------------------------------------

ਰੋਪੜ ਵਿਖੇ ਮੌਜੂਦ ਰਾਸ਼ਟਰੀ ਇਲਕਟ੍ਰੋਨਿਕ ਅਤੇ ਸੂਚਨਾ ਟੈਕਨੋਲੋਜੀ ਸੰਸਥਾ ਨੂੰ ਹੁਣ ਡੀਮਡ ਯੂਨੀਵਰਸਿਟੀ ਬਣਾ ਦਿੱਤਾ ਗਿਆ ਏ। ਅੱਜ

ਇਸਦਾ ਰਸਮੀ ਉਦਘਾਟਨ, ਕੇਂਦਰੀ ਸੂਚਨਾ ਅਤੇ ਪ੍ਰਸਾਰਣ ਅਤੇ ਇਲੈਕਟ੍ਰਾਨਿਕਸ ‘ਤੇ ਸੂਚਨਾ ਤਕਨੋਲੋਜੀ ਮੰਤਰੀ ਅਸ਼ਵਿਨੀ ਵੈਸ਼ਨਵ ਵਲੋਂ ਗੁਹਾਟੀ ਤੋਂ ਵਰਚੁਅਲ ਮਾਧਿਅਮ ਰਾਹੀਂ ਕੀਤਾ ਗਿਆ । ਇਸ ਮੌਕੇ ਓਹਨਾ ਨਾਲ ਅਸਮ ਦੇ ਗਵਰਨਰ ਲਕਸ਼ਮਣ ਆਚਾਰਿਆ ਅਤੇ ਮੁੱਖ ਮੰਤਰੀ ਡਾ. ਹਿਮੰਤ ਬਿਸ਼ਵਾ ਸਰਮਾ ਵੀ ਮੌਜੂਦ ਸਨ। ਇਸ ਮੌਕੇ ਆਪਣੇ ਸੰਬੋਧਨ ਵਿਚ ਸ਼੍ਰੀ ਵੈਸ਼ਨਵ ਨੇ ਦੱਸਿਆ ਕਿ ਇਹ ਸੰਸਥਾ ਪਹਿਲੀ ਅਤੇ ਇਕੱਲੀ MeitY ਸੰਸਥਾ ਏ, ਜਿਸ ਨੂੰ ਡੀਮਡ ਯੂਨੀਵਰਸਿਟੀ ਦਾ ਦਰਜਾ ਮਿਲਿਆ ਏ । ਉਨ੍ਹਾਂ ਨੇ ਯੂਨੀਵਰਸਿਟੀ ਦੇ ਮੁੱਖ ਰੋਲ 'ਤੇ ਜ਼ੋਰ ਦਿੱਤਾ, ਜੋ ਕਿ ਵਿਦਿਆਰਥੀਆਂ ਨੂੰ ਰਾਸ਼ਟਰੀ ਸਿੱਖਿਆ ਨੀਤੀ (NEP) 2020 ਦੇ ਤਹਿਤ ਰੁਜ਼ਗਾਰ ਯੋਗ ਬਣਾਉਣ ਵਿੱਚ ਮਦਦ ਕਰੇਗਾ ।ਇਹ ਪਹਿਲਕਦਮੀ, ਅਕਾਦਮੀ ਅਤੇ ਉਦਯੋਗ ਦੇ ਦਰਮਿਆਨ ਦਾ ਫਰਕ ਘਟਾਏਗੀ ਅਤੇ ਕਾਲਜਾਂ ਨੂੰ, ਵਿਦਿਆਰਥੀਆਂ ਨੂੰ ਭਵਿੱਖੀ ਚੁਣੌਤੀਆਂ ਲਈ ਤਿਆਰ ਕਰਨ ਲਈ, ਸਿਖਲਾਈ ਦੇਣ ਵਿੱਚ ਸਮਰਥ ਬਣਾਏਗੀ। ਓਹਨਾ ਕਿਹਾ ਕੇ ਇਹ ਉਪਰਾਲਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੁਪਨੇ ਨੂੰ ਹਕੀਕਤ ਵਿੱਚ ਬਦਲਣ ਦੀ ਦਿਸ਼ਾ ਵਿੱਚ

ਇੱਕ ਮਹੱਤਵਪੂਰਨ ਕਦਮ ਏ , ਜਿਸ ਨਾਲ ਸਿੱਖਿਆ ਪ੍ਰਣਾਲੀ ਵਿੱਚ ਗੁਲਾਮੀ ਦੀਆਂ ਜੰਜੀਰਾਂ ਨੂੰ ਤੋੜਨਾ ਅਤੇ ਡਿਜੀਟਲ ਤੌਰ 'ਤੇ ਸਸ਼ਕਤ ਅਤੇ ਹੁਨਰਮੰਦ ਭਾਰਤ ਵੱਲ ਵਧਣਾ ਸ਼ਾਮਲ ਏ ਇਸ ਉਦਘਾਟਨ ਮੌਕੇ ਰੋਪੜ ਦੇ ਵਿਧਾਇਕ ਦਿਨੇਸ਼ ਕੁਮਾਰ ਚਢਾ, ਨੇੜਲੇ ਸੰਸਥਾਵਾਂ ਦੇ ਸਿਖਿਆ ਖੇਤਰਾਂ ਦੇ ਕਈ ਹੋਰ ਪਤਵੰਤੇ , ਅਤੇ ਇਸ ਡੀਮਡ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੀ ਮੌਜੂਦ ਰਹੇ । ਇਸ ਡੀਮਡ ਯੂਨੀਵਰਸਿਟੀ ਦੇ ਵਾਈਸ-ਚਾਂਸਲਰ, ਪ੍ਰੋਫ. (ਡਾ.) M.M. ਤ੍ਰਿਪਾਠੀ ਨੇ ਕੇਂਦਰੀ ਮੰਤਰੀ ਅਸ਼ਵਿਨੀ ਵੈਸ਼ਨਵ ਦਾ ਅਟੁੱਟ ਸਮਰਥਨ ਲਈ, ਧਨਵਾਦ ਕਰਦੇ ਹੋਏ ਕਿਹਾ ਕਿ ਇਹ ਸੰਸਥਾਨ ਉਹਨਾਂ ਅਤੇ ਦੇਸ਼ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਸਖ਼ਤ ਕੋਸ਼ਿਸ਼ਾਂ ਕਰੇਗਾ ।

-----------------------------------------------------

ਕਰਮਚਾਰੀ ਭਵਿੱਖ ਨਿਧੀ ਸੰਗਠਨ, EPFO ਦੀ ਕੇਂਦਰੀ ਪੈਨਸ਼ਨ ਅਦਾਇਗੀ ਪ੍ਰਣਾਲੀ ਹੁਣ ਪੂਰੇ ਦੇਸ਼ ਵਿੱਚ ਪੂਰੀ ਤਰ੍ਹਾਂ ਕਾਰਜਸ਼ੀਲ ਏ । ਪਿਛਲੇ ਦਸੰਬਰ ਵਿੱਚ EPFO ਦੇ ਸਾਰੇ 122 ਪੈਨਸ਼ਨ ਵੰਡਣ ਵਾਲੇ ਖੇਤਰੀ ਦਫਤਰਾਂ ਨਾਲ ਸਬੰਧਤ 68 ਲੱਖ ਤੋਂ ਵੱਧ ਪੈਨਸ਼ਨਰਾਂ ਨੂੰ

ਲਗਭਗ, ਇੱਕ ਹਜ਼ਾਰ 570 ਕਰੋੜ ਰੁਪਏ ਦੀ ਪੈਨਸ਼ਨ ਵੰਡੀ ਗਈ ਸੀ। ਕਿਰਤ ਅਤੇ ਰੁਜ਼ਗਾਰ ਮੰਤਰੀ ਡਾ: ਮਨਸੁਖ ਮੰਡਵੀਆ ਨੇ ਕਿਹਾ, ਇਹ ਆਧੁਨਿਕ ਪ੍ਰਣਾਲੀ ਇਹ ਯਕੀਨੀ ਬਣਾਏਗੀ ਕਿ ਪੈਨਸ਼ਨਰ ਆਪਣੀ ਪੈਨਸ਼ਨ ਦੇਸ਼ ਵਿੱਚ ਕਿਤੇ ਵੀ, ਕਿਸੇ ਵੀ ਬੈਂਕ ਤੋਂ ਤੇਜ਼ੀ ਨਾਲ ਅਤੇ ਮੁਸ਼ਕਲ ਤੋਂ ਮੁਕਤ ਕਰ ਸਕਣ। ਸ੍ਰੀ ਮਾਂਡਵੀਆ ਨੇ ਕਿਹਾ ਕਿ ਇਹ, ਨਿਜੀ ਤੌਰ ਤੇ ਬੈਂਕਾਂ ਵਿਚ ਜਾ ਕੇ  ਤਸਦੀਕ ਕਰਾਉਣ ਦੀ ਲੋੜ ਨੂੰ ਖਤਮ ਕਰੇਗਾ ਅਤੇ ਪੈਨਸ਼ਨ ਵੰਡ ਪ੍ਰਕਿਰਿਆ ਨੂੰ ਸਰਲ ਬਣਾ ਦੇਵੇਗਾ।

---------------------------------------------------

ਪਸ਼ੂਧਨ ਦੀ ਸਾਂਭ-ਸੰਭਾਲ ਬਾਰੇ ਸਟੀਕ ਤੇ ਪ੍ਰਮਾਣਿਕ ਜਾਣਕਾਰੀ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਡਿਜੀਟਲ ਪਹਿਲਕਦਮੀ ਕਰਦਿਆਂ, ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ "ਪਸ਼ੂ ਪਾਲਣ ਵਿਭਾਗ, ਪੰਜਾਬ" ਦੇ ਨਾਮ ਹੇਠ, ਵਿਭਾਗ ਦਾ ਅਧਿਕਾਰਤ ਯੂਟਿਊਬ ਚੈਨਲ ਅਤੇ ਫੇਸਬੁੱਕ ਪੇਜ ਜਾਰੀ ਕੀਤਾ ਏ । ਇਸ ਪਹਿਲਕਦਮੀ ਦਾ ਉਦੇਸ਼, ਸੂਬੇ ਦੇ ਪਸ਼ੂ ਪਾਲਕਾਂ ਨੂੰ ਪਸ਼ੂਧਨ ਦੀ ਢੁਕਵੀਂ ਸਾਂਭ-ਸੰਭਾਲ ਲਈ ਸਹੀ ਅਤੇ ਪ੍ਰਮਾਣਿਕ ਜਾਣਕਾਰੀ

ਪ੍ਰਦਾਨ ਕਰਨਾ ਏ । ਪਸ਼ੂ ਪਾਲਣ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਜਾਰੀ ਕੀਤੇ ਗਏ ਇਸ ਚੈਨਲ ਅਤੇ ਪੇਜ ਉਤੇ ਹਰ ਸੋਮਵਾਰ, ਮਾਹਿਰਾਂ ਵੱਲੋਂ ਪਸ਼ੂ ਪਾਲਣ ਬਾਰੇ ਢੁਕਵੀਂ ਸੇਧ ਦੇਣ ਲਈ ਲਾਈਵ ਸੈਸ਼ਨ ਕੀਤਾ ਜਾਵੇਗਾ।

ਉਨ੍ਹਾਂ **ਦਸਿਆ**

**BYTE:**

ਉਨ੍ਹਾਂ ਕਿਹਾ ਕਿ ਮਾਹਿਰਾਂ ਅਤੇ ਕਿਸਾਨਾਂ ਵਿਚਕਾਰ ਇਹ ਸਿੱਧਾ ਰਾਬਤਾ ਪਸ਼ੂਧਨ ਦੀ ਢੁਕਵੀਂ ਸਾਂਭ-ਸੰਭਾਲ ਜ਼ਰੀਏ ਸਮੁੱਚੀ ਉਤਪਾਦਕਤਾ ਨੂੰ ਵਧਾਉਣ ਲਈ ਵਧੇਰੇ ਮਦਦਗਾਰ ਸਿੱਧ ਹੋਵੇਗਾ । ਪਸ਼ੂ ਪਾਲਕਾਂ ਨੂੰ ਸਮੇਂ-ਸਮੇਂ ‘ਤੇ ਪ੍ਰਮਾਣਿਕ ਜਾਣਕਾਰੀ ਪ੍ਰਦਾਨ ਕਰਨ ਲਈ ਹਰ ਹਫ਼ਤੇ 4 ਤੋਂ 5 ਵੀਡੀਓ ਵੀ ਇਨ੍ਹਾਂ ਪਲੇਟਫਾਰਮਾਂ 'ਤੇ ਪੋਸਟ ਕੀਤੀਆਂ ਜਾਣਗੀਆਂ ਅਤੇ ਪਸ਼ੂ ਪਾਲਕਾਂ ਲਈ ਮਾਹਿਰਾਂ ਨਾਲ ਆਨਲਾਈਨ ਸੈਸ਼ਨ ਵੀ ਕਰਵਾਏ ਜਾਣਗੇ।

---------------------------------------------------

ਪੰਜਾਬ ਸਰਕਾਰ ਵਲੋਂ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ

ਨਿਪਟਾਰੇ ਲਈ ਦੇਸ਼ ਭਰ ‘ਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ‘ਆਨਲਾਈਨ ਐਨ ਆਰ.ਆਈ ਮਿਲਣੀ’ ਦੀ ਅੱਜ ਦੂਜੀ ਬੈਠਕ ਕੀਤੀ ਗਈ । ਐਨ.ਆਰ.ਆਈ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਪ੍ਰਵਾਸੀ ਪੰਜਾਬੀਆਂ ਦੀਆਂ 100 ਤੋਂ ਵੱਧ ਸ਼ਿਕਾਇਤਾਂ ਸੁਣੀਆਂ ਅਤੇ ਸਬੰਧਤ ਸਿਵਲ ਅਤੇ ਪੁਲੀਸ ਅਧਿਕਾਰੀਆਂ ਨੂੰ ਮੌਕੇ ‘ਤੇ ਹੀ ਨਿਪਟਾਰਾ ਕਰਨ ਦੀਆਂ ਹਦਾਇਤਾਂ ਦਿੱਤੀਆਂ । ਉਨ੍ਹਾਂ ਦੱਸਿਆ ਕਿ ਅੱਜ ਪ੍ਰਾਪਤ ਹੋਈਆਂ ਸ਼ਿਕਾਇਤਾਂ ਅਮਰੀਕਾ, ਕਨੇਡਾ, ਇੰਗਲੈਂਡ, ਆਸਟ੍ਰੇਲੀਆ, ਜਰਮਨੀ, ਆਸਟਰੀਆ, ਇਟਲੀ ਅਤੇ ਅਫ਼ਰੀਕਾ ਵਿਖੇ ਵੱਸਦੇ ਪੰਜਾਬੀਆਂ ਨਾਲ ਸੰਬੰਧਤ ਸਨ, ਜੋ ਜਾਇਦਾਦ , ਨਾਜਾਇਜ਼ ਕਬਜ਼ਿਆਂ ਅਤੇ ਵਿਆਹ ਮਾਮਲਿਆਂ ਨਾਲ ਸੰਬੰਧਤ ਸਨ। ਓਹਨਾ ਕਿਹਾ ਕਿ ਇਸ ਸੇਵਾ ਰਾਹੀਂ ਪੰਜਾਬ ਸਰਕਾਰ ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦਾ ਲਗਾਤਾਰ ਨਿਪਟਾਰਾ ਕਰੇਗੀ। ਉਨ੍ਹਾਂ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਸੁਣਨ ਲਈ ਹਰ ਮਹੀਨੇ ਦੇ ਪਹਿਲੇ ਹਫਤੇ ਆਨਲਾਈਨ ਮਿਲਣੀ ਹੋਇਆ ਕਰੇਗੀ। ਸ੍ਰੀ ਧਾਲੀਵਾਲ ਨੇ ਦੱਸਿਆ ਕਿ ਸਮੂਹ ਜ਼ਿਲ੍ਹਿਆਂ ਦੇ ਡਿਪਟੀ

ਕਮਿਸ਼ਨਰਾਂ ਅਤੇ ਐਸ.ਐਸ.ਪੀਜ ਨੂੰ ਪ੍ਰਵਾਸੀਆਂ ਪੰਜਾਬੀਆਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਅਧਾਰ 'ਤੇ ਹੱਲ ਕਰਨ ਲਈ ਕਿਹਾ ਗਿਆ ਏ। ਉਨ੍ਹਾਂ ਦੱਸਿਆ ਕਿ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਜਿਲ੍ਹਾ ਪੱਧਰ 'ਤੇ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਕਰਕੇ ਪ੍ਰਵਾਸੀਆਂ ਦੇ ਮਸਲੇ ਹੱਲ ਕਰਨ ਲਈ ਹੁਕਮ ਜਾਰੀ ਕੀਤੇ ਗਏ ਨੇ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸਮਾਜਿਕ ਸੁਰੱਖਿਆ ਮਹਿਲਾ ਤੇ ਬਾਲ ਵਿਭਾਗ ,ਸੂਬੇ ਦੀਆਂ ਔਰਤਾਂ ਦੀ ਸਿਹਤ ਜਾਂਚ ਸਬੰਧੀ ਅਤੇ ਉਨ੍ਹਾਂ ਨੂੰ ਰੁਜਗਾਰ ਦੇਣ ਸਬੰਧੀ ਲਗਾਤਾਰ ਕੈਂਪ ਲਗਾ ਕੇ ਉਨ੍ਹਾਂ ਨੂੰ ਜਾਗਰੂਕ ਕਰ ਰਿਹਾ ਏ ਤਾਂ ਜੋ ਸੂਬੇ ਦੀ ਕੋਈ ਵੀ ਔਰਤ ਇਨ੍ਹਾਂ ਦਾ ਲਾਭ ਲੈਣ ਤੋਂ ਵਾਂਝੀ ਨਾ ਰਹਿ ਜਾਵੇ। ਉਨ੍ਹਾਂ ਇਹ ਗੱਲ ਅੱਜ ਫਰੀਦਕੋਟ ਵਿ ਕੇਂਦਰੀ ਜੇਲ ਦੇ ਦੌਰੇ ਦੌਰਾਨ, ਜੇਲ੍ਹ ਵਿੱਚ ਬੰਦ ਔਰਤਾਂ ਨੂੰ ਮਿਲਣ ਮੌਕੇ ਕਹੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਲਗਾਤਾਰ ਇਹ ਉਪਰਾਲਾ ਕੀਤਾ ਜਾ ਰਿਹਾ ਏ ਕਿ ਸੂਬੇ ਦੀ ਹਰੇਕ ਔਰਤ ਦੀ ਸਿਹਤ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਦਾ

ਮਨੋਬਲ ਉੱਚਾ ਕਰਨ ਲਈ ਉਨ੍ਹਾਂ ਨੂੰ ਰੁਜਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣ, ਜਿਸ ਲਈ ਪਿਛਲੇ ਦਿਨਾਂ ਤੋਂ ਸੂਬੇ ਵਿੱਚ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਕੈਂਪ ਲਗਾ ਕੇ ਹਰੇਕ ਜਿਲ੍ਹੇ ਦੀਆਂ ਔਰਤਾਂ, ਲੜਕੀਆਂ ਨੂੰ ਇਸ ਦਾ ਲਾਭ ਦਿੱਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਜਿਲ੍ਹਾ ਫਰੀਦਕੋਟ ਵਿੱਚ ਵੀ ਅਜਿਹੇ ਕੈਂਪ ਦਾ ਆਯੋਜਨ ਕਰਕੇ ਔਰਤਾਂ ਨੂੰ ਇਨ੍ਹਾਂ ਸਹੂਲਤਾਂ ਦਾ ਲਾਭ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਹੂਲਤਾਵਾਂ ਨੂੰ ਹਰੇਕ ਔਰਤ ਚਾਹੇ ਉਹ ਕਿਤੇ ਵੀ ਹੋਵੇ ਉਸ ਤੱਕ ਇਸ ਦਾ ਲਾਭ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਰਹਿ ਰਹੀਆਂ ਔਰਤਾਂ ਦੀ ਸਿਹਤ ਜਾਂਚ, ਉਨ੍ਹਾਂ ਦੀ ਸਰੀਰਕ ਸਥਿਤੀ, ਉਨ੍ਹਾਂ ਦੇ ਨਾਲ ਰਹਿ ਰਹੇ ਉਨ੍ਹਾਂ ਦੇ ਬੱਚਿਆ ਲਈ ਸਹੂਲਤਾਂ ਆਦਿ ਦੇਖਣ ਲਈ ਉਨ੍ਹਾਂ ਵੱਲੋਂ ਇਹ ਦੌਰਾ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਪੰਜਾਬ ਨੂੰ ਤਰੱਕੀ ਵੱਲ ਲਿਜਾਣ ਲਈ ਜੇਲ੍ਹ ਵਿੱਚ ਬੰਦ ਔਰਤਾਂ ਨੂੰ ਵੀ ਨਾਲ ਲੈ ਕੇ ਚੱਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਬੰਦ ਔਰਤਾਂ ਦੇ ਬੱਚਿਆ ਨੂੰ ਆਂਗਨਵਾੜੀ ਸੈਂਟਰਾਂ ਨਾਲ ਇਨਰੋਲ ਕੀਤਾ ਜਾਵੇਗਾ, ਤਾਂਕਿ ਜੋ ਸਹੂਲਤਾਂ ਸੂਬੇ ਦੇ ਬਾਕੀ ਬੱਚਿਆ ਨੂੰ ਮਿਲ ਰਹੀਆਂ ਹਨ, ਉਹ ਸਹੂਲਤਾਂ ਇਨ੍ਹਾਂ

ਬੱਚਿਆ ਨੂੰ ਵੀ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਬੱਚਿਆਂ ਲਈ ਇਹ ਸਹੂਲਤਾਂ ਸਾਰੇ ਸੂਬੇ ਦੀਆਂ ਜੇਲ੍ਹਾਂ ਵਿੱਚ ਲਾਗੂ ਹੋਣਗੀਆਂ।

-----------------------------------------------------------

ਮੌਸਮ ਵਿਭਾਗ ਨੇ ਅਗਲੇ ਦੋ-ਤਿੰਨ ਦਿਨਾਂ ਤੱਕ ਉੱਤਰੀ, ਪੂਰਬੀ ਅਤੇ ਮੱਧ ਭਾਰਤ ਵਿੱਚ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ ਏ । ਪੰਜਾਬ ਵਿਚ ਪਿਛਲੇ ਕੁਝ ਦਿਨਾਂ ਤੋਂ ਧੁੱਪ ਨਾ ਨਿਕਲਣ ਕਾਰਨ ਪੂਰੇ ਦਿਨ ਦਾ ਤਾਪਮਾਨ ਹਾਲੇ ਵੀ ਆਮ ਨਾਲੋਂ ਘੱਟ ਚਲ ਰਿਹਾ ਏ। ਅੱਜ ਸਵੇਰ ਤੋਂ ਸੂਬੇ ਭਰ ਚ ਸੰਘਣੀ ਧੁੰਦ ਦੇਖਣ ਨੂੰ ਮਿਲ ਰਹੀ ਏ ਮੌਸਮ ਵਿਭਾਗ ਨੇ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ ਤੇ ਮਾਨਸਾ ਵਿਚ ਸੀਤ ਲਹਿਰ ਸਬੰਧੀ ਅਲਰਟ ਜਾਰੀ ਕੀਤਾ ਏ। ਦਸਿਆ ਗਿਆ ਏ ਕਿ ਇਕ ਹੋਰ ਪੱਛਮੀ ਗੜਬੜੀ 4 ਜਨਵਰੀ ਨੂੰ ਸਰਗਰਮ ਹੋ ਰਹੀ ਏ। ਇਸ ਤੋਂ ਬਾਅਦ ਸੂਬੇ ਵਿਚ ਮੁੜ ਮੀਂਹ ਪੈ ਸਕਦਾ ਏ । ਮੌਸਮ ਵਿਭਾਗ ਨੇ 5 ਤੇ 6 ਜਨਵਰੀ ਨੂੰ, ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ

ਜਤਾਈ ਏ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦੀਦਿਆਂ ਕਿਹਾ

**Byte-**

---------------------------------------------------

**<u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਨੇ ਮੋਦੀ ਅੱਜ ਦਿੱਲੀ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ -ਕਿਹਾ ਕਿ ਰਾਸ਼ਟਰੀ ਰਾਜਧਾਨੀ ਦੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਵਿਕਾਸ ਕਾਰਜ ਜਾਰੀ ਨੇ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬੈਂਗਲੁਰੂ ਵਿੱਚ, ਨੈਸ਼ਨਲ ਇੰਸਟੀਚਿਊਟ ਆਫ਼ ਮੈਂਟਲ ਹੈਲਥ ਐਂਡ ਨਿਊਰੋ-ਸਾਇੰਸ ਦੇ ਗੋਲਡਨ ਜੁਬਲੀ ਸਮਾਗਮ ਵਿੱਚ ਸ਼ਿਰਕਤ ਕੀਤੀ।
- ਰੂਪਨਗਰ ਸਥਿਤ ਰਾਸ਼ਟਰੀ ਇਲਕਟ੍ਰੋਨਿਕ ਅਤੇ ਸੂਚਨਾ ਟੈਕਨੋਲੋਜੀ ਸੰਸਥਾ ਬਣੀ ਡੀਮਡ ਯੂਨੀਵਰਸਿਟੀ -ਕੇਂਦਰੀ ਸੂਚਨਾ

ਤੇ ਪ੍ਰਸਾਰਣ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਵਰਚੁਅਲ ਮਾਧਿਅਮ ਰਾਹੀਂ ਕੀਤਾ ਰਸਮੀ ਉਦਘਾਟਨ।

- ਪਸ਼ੂ ਪਾਲਕਾਂ ਦੀ ਸਹਾਇਤਾ ਲਈ ਸੰਬਧਤ ਵਿਭਾਗ ਨੇ "ਪਸ਼ੂ ਪਾਲਣ ਵਿਭਾਗ, ਪੰਜਾਬ" ਨਾ ਦਾ ਯੂ-ਟਿਊਬ ਚੈਨਲ ਕੀਤਾ ਜਾਰੀ।